੧ੴ ਵਾਹਿਗੁਰੂ ਜੀ ਕੀ ਫਤਹ ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 31-12-2024 (17 ਪੋਹ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 87 ਦੀ ਨਕਲ :-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਉੱਘੇ ਅਰਥ ਸ਼ਾਸ਼ਤਰੀ ਡਾ. ਮਨਮੋਹਨ ਸਿੰਘ ਜੀ ਸਾਬਕਾ ਪ੍ਰਧਾਨ ਮੰਤਰੀ ਭਾਰਤ ਸਰਕਾਰ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ। ਡਾ. ਮਨਮੋਹਨ ਸਿੰਘ ਜੀ ਜਿਥੇ ਭਾਰਤ ਦੇ ਵਿਕਾਸ ਲਈ ਵਚਨਬੱਧ ਸਨ, ਉਥੇ ਪੰਜਾਬ ਅਤੇ ਪੰਜਾਬੀਆਂ ਦੇ ਹਮਦਰਦ ਸਨ। ਉਨ੍ਹਾਂ ਨੇ ਪੰਜਾਬੀਆਂ ਅਤੇ ਖ਼ਾਸਕਰ ਸਿੱਖ ਦਸਤਾਰ ਦੀ ਪਛਾਣ ਨੂੰ ਪੂਰੀ ਦੁਨੀਆਂ ਵਿਚ ਉਭਾਰਿਆ। ਦੁਨੀਆਂ ਦੇ ਸਭ ਤੋਂ ਵੱਡੇ ਲੋਕਤੰਤਰ ਭਾਰਤ ਦੇ ਪ੍ਰਧਾਨ ਮੰਤਰੀ ਰਹਿੰਦਿਆਂ ਡਾ. ਮਨਮੋਹਨ ਸਿੰਘ ਨੇ ਜਿਥੇ ਮਹੱਤਵਪੂਰਨ ਕਾਰਜ ਕੀਤੇ, ਉਥੇ ਪੰਜਾਬ ਦੇ ਵਿਕਾਸ ਵਿਚ ਵੀ ਵੱਡਾ ਯੋਗਦਾਨ ਪਾਇਆ। ਉਹ ਰਾਜਨੀਤੀ ਵਿਚ ਰਹਿੰਦਿਆਂ ਨਿਮਰਤਾ, ਤਿਆਗ, ਦ੍ਰਿੜ੍ਹਤਾ, ਸੰਜਮ ਤੇ ਸਾਦਗੀ ਵਰਗੇ ਗੁਣਾਂ ਨੂੰ ਹਮੇਸ਼ਾ ਸਮਰਪਤ ਰਹੇ ਅਤੇ ਇਹੀ ਵਿਸ਼ੇਸ਼ਣ ਉਨ੍ਹਾਂ ਦੇ ਆਖ਼ਰੀ ਸਾਹਾਂ ਤੱਕ ਪਛਾਣ ਦੇ ਲਖਾਇਕ ਰਹੇ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮਿਤਸਰ ਦੀ ਅੱਜ ਦੀ ਇਕੱਤਰਤਾ ਡਾ. ਮਨਮੋਹਨ ਸਿੰਘ ਜੀ ਵੱਲੋਂ ਦੇਸ਼ ਅਤੇ ਕੌਮ ਲਈ ਕੀਤੇ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਅੱਗੇ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ਣ ਅਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 2277/ ਮਿਤੀ 10-01-2025

ਉਤਾਰਾ: 1. ਇੰਚਾਰਜ ਜੀ (ਟਰੱਸਟ ਵਿਭਾਗ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 31-12-2024 (17 ਪੋਹ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 139 ਦੀ ਨਕਲ :-**

ਪ੍ਰਿੰਸੀਪਲ, ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਗੁਰੂ ਕਾਸ਼ੀ, ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ) ਦੀ ਪੱਤ੍ਰਕਾ ਨੰਬਰ 709, ਮਿਤੀ 30-12-2024 ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਈ ਜਾ ਰਹੀ ਮਾਤਾ ਨਾਨਕੀ ਜੀ ਅਕਾਦਮਿਕ ਅਤੇ ਧਾਰਮਿਕ ਮੁਫ਼ਤ ਵਿੱਦਿਆ ਯੋਜਨਾਂ ਅਧੀਨ ਪੜ੍ਹ ਰਹੀ ਕਾਲਜ ਦੀ ਵਿਦਿਆਰਥਣ ਰਵਨੀਤ ਕੌਰ ਸਪੁੱਤਰੀ ਸ੍ਰ. ਹਰਜੀਤ ਸਿੰਘ ਵਾਸੀ ਫਾਜਿਲਕਾ ਦੀ ਮਿਤੀ 27-12-2024 ਨੂੰ ਤਲਵੰਡੀ ਸਾਬੋ ਨੇੜੇ ਹੋਏ ਬੱਸ ਹਾਦਸੇ ਵਿੱਚ ਮੌਤ ਹੋ ਗਈ ਹੈ।ਪਰਿਵਾਰ ਦੀ ਮਾਲੀ ਹਾਲਤ ਕਮਜੋਰ ਹੋਣ ਦਾ ਹਵਾਲਾਂ ਦੇਦਿਆਂ ਕਾਲਜ ਪ੍ਰਿੰਸੀਪਲ ਵੱਲੋਂ ਪਰਿਵਾਰ ਨੂੰ ਮਾਲੀ ਸਹਾਇਤਾ ਦੇਣ ਦੀ ਬੇਨਤੀ ਕੀਤੀ ਹੈ, ਦਾ ਮਾਮਲਾ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸਬੰਧਤ ਲੜਕੀ ਦੇ ਪਿਤਾ ਸ੍ਰ. ਹਰਜੀਤ ਸਿੰਘ ਨੂੰ ਧਰਮ ਅਰਥ ਫੰਡ ਵਿੱਚੋਂ 50,000/- ਅੱਖਰੀਂ ਪੰਜਾਹ ਹਜ਼ਾਰ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 98813 (T) ਮਿਤੀ 13-01-2025

ਉਤਾਰਾ:
1. ਮੁੱਖ ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਪ੍ਰਿੰਸੀਪਲ ਜੀ, ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਗੁਰੂ ਕਾਸ਼ੀ, ਦਮਦਮਾ ਸਾਹਿਬ, ਤਲਵੰਡੀ ਸਾਬੋ (ਬਠਿੰਡਾ)।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 31-12-2024 (17 ਪੋਹ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 140 ਦੀ ਨਕਲ :-**

ਯੂ.ਪੀ. ਅੰਦਰ ਪੰਜਾਬ ਦੇ ਤਿੰਨ ਨੌਜਵਾਨਾਂ ਨੂੰ ਮੁਕਾਬਲਾ ਬਣਾ ਕੇ ਮਾਰਨ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਬੀਤੇ ਦਿਨੀਂ ਯੂ.ਪੀ.ਅੰਦਰ ਪੰਜਾਬ ਦੇ ਤਿੰਨ ਨੌਜਵਾਨਾਂ ਨੂੰ ਪੁਲੀਸ ਵੱਲੋਂ ਮੁਕਾਬਲੇ ਦੌਰਾਨ ਮਾਰੇ ਜਾਣ ਦਾ ਦਾਹਵਾ ਕਈ ਸ਼ੰਕੇ ਪੈਦਾ ਕਰਦਾ ਹੈ। ਇਹ ਬੇਹੱਦ ਸੰਜੀਦਾ ਮਾਮਲਾ ਹੈ, ਬਹੁਤ ਛੋਟੀ ਉਮਰ ਦੇ ਪੰਜਾਬ ਦੇ ਨੌਜਵਾਨਾਂ ਨੂੰ ਜਾਣਬੁਝ ਕੇ ਨਿਸ਼ਾਨਾ ਬਣਾਉਣ ਵਰਗੀ ਹਰਕਤ ਜਾਪਦੀ ਹੈ। ਅੰਤ੍ਰਿੰਗ ਕਮੇਟੀ ਇਸ ਮਾਮਲੇ ਦੀ ਨਿਆਂਇਕ ਜਾਂਚ ਕਰਵਾਉਣ ਦੀ ਪੰਜਾਬ ਤੇ ਭਾਰਤ ਸਰਕਾਰ ਪਾਸੋਂ ਪੁਰਜ਼ੋਰ ਮੰਗ ਕਰਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22860(T) ਮਿਤੀ 18-01-2025

ਉਤਾਰਾ:
1. ਗ੍ਰਹਿ ਸਕੱਤਰ ਜੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਮੁੱਖ ਸਕੱਤਰ ਜੀ, ਪੰਜਾਬ ਸਰਕਾਰ, ਚੰਡੀਗੜ੍ਹ।
3. ਸਕੱਤਰ ਜੀ, ਨੈਸ਼ਨਲ ਘੱਟ ਗਿਣਤੀ ਕਮਿਸ਼ਨ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 31-12-2024 (17 ਪੋਹ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 142 ਦੀ ਨਕਲ :-**

ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਖਨੌਰੀ ਬਾਰਡਰ ਵਿਖੇ ਸੰਘਰਸ਼ ਕਰ ਰਹੇ ਕਿਸਾਨ ਆਗੂ ਸ੍ਰ. ਜਗਜੀਤ ਸਿੰਘ ਡੱਲੇਵਾਲ ਦੀ ਵਿਗੜ ਰਹੀ ਸਿਹਤ ਦਾ ਮਾਮਲਾ, **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਸਮੁੱਚੀ ਅੰਤ੍ਰਿੰਗ ਕਮੇਟੀ ਵੱਲੋਂ ਸਰਬਸੰਮਤੀ ਨਾਲ ਸ੍ਰ. ਜਗਜੀਤ ਸਿੰਘ ਡੱਲੇਵਾਲ ਦੀ ਸਿਹਤਯਾਬੀ ਤੇ ਚੜ੍ਹਦੀ ਕਲਾ ਲਈ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕੀਤੀ ਗਈ।**

**ਅੰਤ੍ਰਿੰਗ ਕਮੇਟੀ ਵੱਲੋਂ ਕੇਂਦਰ ਤੇ ਪੰਜਾਬ ਸਰਕਾਰਾਂ ਪਾਸੋਂ ਇਹ ਵੀ ਮੰਗ ਕੀਤੀ ਜਾਂਦੀ ਹੈ ਕਿ ਉਹ ਕਿਸਾਨਾਂ ਦੀਆਂ ਜਾਇਜ ਮੰਗਾਂ ਪ੍ਰਵਾਨ ਕਰਨ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 99848 (T)

ਮਿਤੀ 18-01-2025

ਉਤਾਰਾ: 1. ਮੈਨੇਜਰ ਜੀ, ਗੁ: ਬਾਬਾ ਗਾਂਧਾ ਸਿੰਘ ਜੀ, ਬਰਨਾਲਾ-ਪਾਸ ਮਤੇ ਦੀ ਕਾਪੀ-ਸਬੰਧਤਾਂ ਪਾਸ ਪਹੁੰਚਾਉਣ ਹਿੱਤ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

**(ਕੁਲਵੰਤ ਸਿੰਘ ਮੰਨਣ)**
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

☬ ੧ੴ ਵਾਹਿਗੁਰੂ ਜੀ ਕੀ ਫਤਹ ॥ ☬

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 31-12-2024 (17 ਪੋਹ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 143 ਦੀ ਨਕਲ :-**

ਬੀਬੀ ਸੋਨੀਆ ਸੁਪਤਨੀ ਸ. ਭੋਲਾ ਸਿੰਘ ਖਾਲਸਾ ਵਾਸੀ ਪਿੰਡ ਜੀਵਨ ਵਾਲਾ (ਫਰੀਦਕੋਟ) ਵੱਲੋਂ ਆਪਣੇ ਪਤੀ ਸ੍ਰ. ਭੋਲਾ ਸਿੰਘ ਖਾਲਸਾ ਦੇ ਡੇਰਾ ਪ੍ਰੇਮੀ ਪ੍ਰਦੀਪ ਕਟਾਰੀਆ, ਕੋਟਕਪੂਰਾ ਕਤਲ ਕੇਸ ਅਤੇ ਹੋਰ ਧਾਰਮਿਕ ਕੇਸਾਂ ਵਿੱਚ ਫਰੀਦਕੋਟ ਜੇਲ੍ਹ ਵਿੱਚ ਨਜ਼ਰਬੰਦ ਹੋਣ ਕਾਰਨ ਬੱਚਿਆਂ ਦੀ ਪੜ੍ਹਾਈ ਅਤੇ ਘਰ ਦਾ ਗੁਜਾਰਾ ਮੁਸ਼ਕਿਲ ਹੋਣ ਦਾ ਹਵਾਲਾ ਦੇਂਦਿਆਂ ਸਹਾਇਤਾ ਲੈਣ ਦੀ ਮੰਗ ਕੀਤੀ ਹੈ।ਸ੍ਰ. ਸ਼ੇਰ ਸਿੰਘ ਮੰਡਵਾਲਾ ਜਨਰਲ ਸਕੱਤਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸਿਫਾਰਸ਼ ਹੈ, ਦਾ ਮਾਮਲਾ **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਬੀਬੀ ਸੋਨੀਆ ਸੁਪਤਨੀ ਸ੍ਰ. ਭੋਲਾ ਸਿੰਘ ਵਾਸੀ ਪਿੰਡ ਜੀਵਨਵਾਲਾ (ਫਰੀਦਕੋਟ) ਨੂੰ ਧਰਮ ਅਰਥ ਫੰਡ ਵਿੱਚੋਂ 1,00,000/-ਅੱਖਰੀਂ ਇੱਕ ਲੱਖ ਰੁਪਏ ਕੇਵਲ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੭੭੫੫ (ਹੱਥ ਲਿਖਤ) ਮਿਤੀ 07-01-2025

ਉਤਾਰਾ: 1. ਮੁੱਖ ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।